# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 13-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਤੋਂ ਬਾਅਦ ਦਹਿਸ਼ਤਗਰਦੀ ਨਾਲ ਲੜਨ ਲਈ ਭਾਰਤ ਦੀ ਅਟੁੱਟ ਵਚਨਬੱਧਤਾ ਨੂੰ ਉਜਾਗਰ ਕੀਤਾ ਏ। ਬੀਤੀ ਸ਼ਾਮ ਦੇਸ਼ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਨੇ ਭਾਰਤ ਦੀ ਸਮਰੱਥਾ ਵੇਖ ਲਈ ਏ ਅਤੇ ਹੁਣ ਇਹ ਸਪੱਸ਼ਟ ਏ ਕਿ ਦਹਿਸ਼ਤਗਰਦਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਨੇ ਦਹਿਸ਼ਤਗਰਦੀ ਸਮੂਹਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਨੂੰ ਇੱਕ ਸਪੱਸ਼ਟ ਸੰਦੇਸ਼ ਦਿੱਤਾ ਏ ਕਿ ਭਾਰਤ ਅਤੇ ਇਸ ਦੇ ਨਾਗਰਿਕਾਂ 'ਤੇ ਕਿਸੇ ਵੀ ਹਮਲੇ ਦਾ ਪੂਰੀ ਤਾਕਤ ਨਾਲ ਜਵਾਬ ਦਿੱਤਾ ਜਾਵੇਗਾ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀ.ਓ.ਕੇ.) ਤੋਂ ਦਹਿਸ਼ਤਗਰਦੀ ਨਾਲ ਲੜ ਰਿਹਾ ਏ। ਭਾਰਤ

ਇਸ ਤੋਂ ਇਲਾਵਾ ਕਿਸੇ ਹੋਰ ਮੁੱਦੇ 'ਤੇ ਗੱਲਬਾਤ ਨਹੀਂ ਕਰੇਗਾ। ਉਨ੍ਹਾਂ ਨੇ ਦਹਿਸ਼ਤਗਰਦਾਂ ਦੀ ਹਮਾਇਤੀ ਕਰਨ ਲਈ ਪਾਕਿਸਤਾਨੀ ਸਰਕਾਰ ਅਤੇ ਉਸ ਦੀ ਫੌਜ ਦੀ ਨਿਖੇਧੀ ਕੀਤੀ ਏ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਅਜਿਹੀਆਂ ਕਾਰਵਾਈਆਂ ਉਨ੍ਹਾਂ ਦੇ ਪਤਨ ਦਾ ਕਾਰਨ ਬਣ ਸਕਦੀਆਂ ਨੇ। ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਨੂੰ ਅਸਥਾਈ ਤੌਰ 'ਤੇ ਮੁਲਤਵੀ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ, ਅਸੀਂ ਪਾਕਿਸਤਾਨ ਦੇ ਹਰ ਕਦਮ ਨੂੰ ਇਸ ਆਧਾਰ 'ਤੇ ਮਾਪਾਂਗੇ ਕਿ ਉਹ ਦਹਿਸ਼ਤਗਰਦੀ ਪ੍ਰਤੀ ਕੀ ਰਵੱਈਆ ਅਪਣਾਉਂਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਸਿਰਫ ਇਕ ਨਾਮ ਨਹੀਂ ਏ, ਇਹ ਦੇਸ਼ ਦੇ ਕਰੋੜਾਂ ਲੋਕਾਂ ਦੀਆਂ ਭਾਵਨਾਵਾਂ ਦਾ ਪ੍ਰਤੀਬਿੰਬ ਏ। ਉਨ੍ਹਾਂ ਨੇ ਆਪ੍ਰੇਸ਼ਨ ਸਿੰਦੂਰ ਨੂੰ ਨਿਆਂ ਦੀ ਇਕ ਅਟੁੱਟ ਵਚਨਬੱਧਤਾ ਦੱਸਿਆ... **Byte**

-----------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਸਵੇਰੇ ਪੰਜਾਬ ਦੇ ਆਦਮਪੁਰ ਏਅਰ ਬੇਸ ਦਾ ਦੌਰਾ ਕੀਤਾ ਅਤੇ ਬਹਾਦਰ ਹਵਾਈ

ਯੋਧਿਆਂ ਅਤੇ ਸੈਨਿਕਾਂ ਨਾਲ ਗੱਲਬਾਤ ਕੀਤੀ। ਗੱਲਬਾਤ ਦੌਰਾਨ, ਸ਼੍ਰੀ ਮੋਦੀ ਨੇ ਉਨ੍ਹਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ, ਇਨ੍ਹਾਂ ਯੋਧਿਆਂ ਨਾਲ ਹੋਣਾ ਇੱਕ ਬਹੁਤ ਹੀ ਖਾਸ ਅਨੁਭਵ ਸੀ ਜੋ ਹਿੰਮਤ, ਦ੍ਰਿੜਤਾ ਅਤੇ ਨਿਡਰਤਾ ਦਾ ਪ੍ਰਤੀਕ ਨੇ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਹਥਿਆਰਬੰਦ ਸੈਨਾਵਾਂ ਦਾ ਉਨ੍ਹਾਂ ਦੇ ਦੇਸ਼ ਲਈ ਕੀਤੇ ਹਰ ਕੰਮ ਲਈ ਹਮੇਸ਼ਾ ਲਈ ਧੰਨਵਾਦੀ ਏ। ਉਨ੍ਹਾਂ ਦਾ ਇਹ ਦੌਰਾ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਦੇ ਮੱਦੇਨਜ਼ਰ ਏ।

-----------------------------------------------------

ਪੰਜਾਬ ਦੇ ਅੰਮ੍ਰਿਤਸਰ ਜ਼ਿਲ੍ਹੇ ਦੇ ਮਜੀਠਾ ਵਿੱਚ ਕਥਿਤ ਤੌਰ ’ਤੇ ਜ਼ਹਿਰੀਲੀ ਸ਼ਰਾਬ ਪੀਣ ਨਾਲ 14 ਲੋਕਾਂ ਦੀ ਮੌਤ ਹੋ ਗਈ ਅਤੇ ਛੇ ਹੋਰਨਾਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਏ।ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਐ ਕਿ ਇਹ ਇੱਕ ਮੰਦਭਾਗੀ ਘਟਨਾ ਏ ਅਤੇ ਉਨ੍ਹਾਂ ਨੇ ਹੁਣ

ਤੱਕ 14 ਲੋਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਸਾਰੇ ਲੋਕਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਮੈਡੀਕਲ ਟੀਮਾਂ ਨੂੰ ਤੁਰੰਤ ਪ੍ਰਭਾਵਿਤ ਇਲਾਕਿਆਂ ਵਿੱਚ ਭੇਜਿਆ ਗਿਆ ਏ ਅਤੇ ਉਹ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰ ਰਹੇ ਨੇ।**Byte-DC...**

ਉਨ੍ਹਾਂ ਇਹ ਵੀ ਕਿਹਾ ਕਿ ਕਥਿਤ ਤੌਰ 'ਤੇ ਜ਼ਹਿਰੀਲੀ ਸ਼ਰਾਬ ਸਪਲਾਈ ਕਰਨ ਵਾਲੇ ਲੋਕਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਏ ਤੇ ਅਗਲੇਰੀ ਜਾਂਚ ਜਾਰੀ ਏ ।

-----------------------------------------------------------

ਏਅਰ ਇੰਡੀਆ ਨੇ ਕਿਹਾ ਏ ਕਿ ਯਾਤਰੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ, ਜੰਮੂ, ਲੇਹ, ਜੋਧਪੁਰ, ਅੰਮ੍ਰਿਤਸਰ, ਭੁਜ, ਜਾਮਨਗਰ, ਚੰਡੀਗੜ੍ਹ ਅਤੇ ਰਾਜਕੋਟ ਤੋਂ ਜਾਣ ਅਤੇ ਆਉਣ ਵਾਲੀਆਂ ਉਡਾਣਾਂ ਅੱਜ ਲਈ ਰੱਦ ਕਰ ਦਿੱਤੀਆਂ ਗਈਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਏਅਰ ਇੰਡੀਆ ਨੇ ਕਿਹਾ ਕਿ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਏ ਅਤੇ ਇਸ ਬਾਰੇ ਯਾਤਰੀਆਂ

ਨੂੰ ਤੁਰੰਤ ਸੂਚਿਤ ਕੀਤਾ ਜਾਵੇਗਾ। ਯਾਤਰੀ ਵਧੇਰੇ ਜਾਣਕਾਰੀ ਲਈ ਏਅਰਲਾਈਨ ਨਾਲ ਸੰਪਰਕ ਕਰ ਸਕਦੇ ਨੇ ਅਤੇ ਵੈੱਬਸਾਈਟ ਵੀ ਵੇਖ ਸਕਦੇ ਨੇ। ਇੰਡੀਗੋ ਨੇ ਵੀ ਅੱਜ ਲਈ ਜੰਮੂ, ਸ੍ਰੀਨਗਰ, ਲੇਹ, ਅੰਮ੍ਰਿਤਸਰ, ਚੰਡੀਗੜ੍ਹ ਅਤੇ ਰਾਜਕੋਟ ਹਵਾਈ ਅੱਡਿਆਂ ਤੋਂ ਆਉਣ-ਜਾਣ ਵਾਲੀਆਂ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਨੇ। ਇਸ ਦੌਰਾਨ, ਦਿੱਲੀ ਹਵਾਈ ਅੱਡੇ 'ਤੇ ਉਡਾਣ ਸੇਵਾਵਾਂ ਆਮ ਵਾਂਗ ਚੱਲ ਰਹੀਆਂ ਨੇ। ਦਿੱਲੀ ਹਵਾਈ ਅੱਡੇ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਸਿਵਲ ਹਵਾਬਾਜ਼ੀ ਸੁਰੱਖਿਆ ਬਿਊਰੋ ਦੇ ਸੁਰੱਖਿਆ ਨਿਯਮਾਂ ਅਨੁਸਾਰ ਹਵਾਈ ਖੇਤਰ ਦੇ ਬਦਲਦੇ ਹਾਲਾਤ ਨੂੰ ਧਿਆਨ ਵਿਚ ਰੱਖਦੇ ਹੋਏ ਕੁਝ ਉਡਾਣਾਂ ਦਾ ਪਹਿਲਾਂ ਤੋਂ ਨਿਰਧਾਰਤ ਸਮਾਂ ਪ੍ਰਭਾਵਿਤ ਹੋ ਸਕਦਾ ਏ। ਯਾਤਰੀਆਂ ਨੂੰ ਆਪਣੀਆਂ ਸਬੰਧਤ ਏਅਰਲਾਈਨ ਕੰਪਨੀਆਂ ਨਾਲ ਨਿਰੰਤਰ ਸੰਪਰਕ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਏ।

-----------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਨੇ 12ਵੀਂ ਜਮਾਤ ਦਾ ਨਤੀਜਾ ਐਲਾਨ ਦਿੱਤਾ ਏ। ਇਸ ਸਾਲ, 88.39 ਫੀਸਦ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆਵਾਂ ਪਾਸ ਕੀਤੀਆਂ ਨੇ , ਜੋ ਕਿ ਪਿਛਲੇ ਸਾਲ ਦੇ ਪ੍ਰਦਰਸ਼ਨ ਨਾਲੋਂ 0.41 ਫੀਸਦ ਅੰਕ ਵੱਧ ਏ। ਕੁੜੀਆਂ ਨੇ ਇੱਕ ਵਾਰ ਫਿਰ ਮੁੰਡਿਆਂ ਨੂੰ ਪਛਾੜ ਦਿੱਤਾ ਏ, ਜਿਨ੍ਹਾਂ ਵਿੱਚੋਂ 91 ਫੀਸਦੀ ਤੋਂ ਵੱਧ ਨੇ ਪ੍ਰੀਖਿਆ ਪਾਸ ਕੀਤੀ ਏ ਜੋ ਕਿ ਮੁੰਡਿਆਂ ਤੋਂ 5.94 ਫੀਸਦ ਅੰਕ ਵੱਧ ਏ।